# TODAY'S HUKAMNAMA FROM SRI DARBAR SAHIB, Sri Amritsar.

ਸੋਰਠਿ ਮਹਲਾ ੫ ॥

ਗਈ ਬਹੋੜੁ ਬੰਦੀ ਛੋੜੁ ਨਿਰੰਕਾਰੁ ਦੁਖਦਾਰੀ ॥ ਕਰਮੁ ਨ ਜਾਣਾ ਧਰਮੁ ਨ ਜਾਣਾ ਲੋਭੀ ਮਾਇਆਧਾਰੀ ॥ ਨਾਮੁ ਪਰਿਓ ਭਗਤੁ ਗੋਵਿੰਦ ਕਾ ਇਹ ਰਾਖਹੁ ਪੈਜ ਤੁਮਾਰੀ ॥੧॥ ਹਰਿ ਜੀਉ ਨਿਮਾਣਿਆ ਤੂ ਮਾਣੁ ॥ ਨਿਚੀਜਿਆ ਚੀਜ ਕਰੇ ਮੇਰਾ ਗੋਵਿੰਦੁ ਤੇਰੀ ਕੁਦਰਤਿ ਕਉ ਕੁਰਬਾਣੁ ॥ ਰਹਾਉ ॥ ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ ॥ ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ ॥ ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ ॥੨॥ ਹਰਿ ਅੰਤਰਜਾਮੀ ਸਭ ਬਿਧਿ ਜਾਣੈ ਤਾ ਕਿਸੁ ਪਹਿ ਆਖਿ ਸੁਣਾਈਐ ॥ ਕਹਣੈ ਕਥਨਿ ਨ ਭੀਜੈ ਗੋਬਿੰਦੁ ਹਰਿ ਭਾਵੈ ਪੈਜ ਰਖਾਈਐ ॥ ਅਵਰ ਓਟ ਮੈ ਸਗਲੀ ਦੇਖੀ ਇਕ ਤੇਰੀ ਓਟ ਰਹਾਈਐ ॥੩॥ ਹੋਇ ਦਇਆਲੁ ਕਿਰਪਾਲੁ ਪ੍ਰਭੁ ਠਾਕੁਰੁ ਆਪੇ ਸੁਣੈ ਬੇਨੰਤੀ ॥ ਪੂਰਾ ਸਤਗੁਰੁ ਮੇਲਿ ਮਿਲਾਵੈ ਸਭ ਚੂਕੈ ਮਨ ਕੀ ਚਿੰਤੀ ॥ ਹਰਿ ਹਰਿ ਨਾਮੁ ਅਵਖਦੁ ਮੁਖਿ ਪਾਇਆ ਜਨ ਨਾਨਕ ਸੁਖਿ ਵਸੰਤੀ ॥੪॥੧੨॥੬੨॥

(ਅੰਗ: ੬੨੪)

**ਪੰਜਾਬੀ ਵਿਆਖਿਆ:**

ਸੋਰਠਿ ਮਹਲਾ ੫ ॥

ਹੇ ਪ੍ਰਭੂ! ਤੂੰ (ਆਤਮਕ ਜੀਵਨ ਦੀ) ਗਵਾਚੀ ਹੋਈ (ਰਾਸਿ-ਪੂੰਜੀ) ਨੂੰ ਵਾਪਸ ਦਿਵਾਣ ਵਾਲਾ ਹੈਂ, ਤੂੰ (ਵਿਕਾਰਾਂ ਦੀ) ਕੈਦ ਵਿਚੋਂ ਛੁਡਾਣ ਵਾਲਾ ਹੈਂ, ਤੇਰਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ, ਤੂੰ (ਜੀਵਾਂ ਨੂੰ) ਦੁੱਖਾਂ ਵਿਚ ਢਾਰਸ ਦੇਣ ਵਾਲਾ ਹੈਂ । ਹੇ ਪ੍ਰਭੂ! ਮੈਂ ਕੋਈ ਚੰਗਾ ਕਰਮ ਕੋਈ ਚੰਗਾ ਧਰਮ ਕਰਨਾ ਨਹੀਂ ਜਾਣਦਾ, ਮੈਂ ਲੋਭ ਵਿਚ ਫਸਿਆ ਰਹਿੰਦਾ ਹਾਂ, ਮੈਂ ਮਾਇਆ ਦੇ ਮੋਹ ਵਿਚ ਗ੍ਰਸਿਆ ਰਹਿੰਦਾ ਹਾਂ । ਪਰ ਹੇ ਪ੍ਰਭੂ! ਮੇਰਾ ਨਾਮ 'ਗੋਬਿੰਦ ਦਾ ਭਗਤ' ਪੈ ਗਿਆ ਹੈ । ਸੋ, ਹੁਣ ਤੂੰ ਆਪਣੇ ਨਾਮ ਦੀ ਆਪ ਲਾਜ ਰੱਖ ।੧। ਹੇ ਪ੍ਰਭੂ ਜੀ! ਤੂੰ ਉਹਨਾਂ ਬੰਦਿਆਂ ਨੂੰ ਮਾਣ ਦੇਂਦਾ ਹੈਂ, ਜਿਨ੍ਹਾਂ ਦਾ ਹੋਰ ਕੋਈ ਮਾਣ ਨਹੀਂ ਕਰਦਾ । ਮੈਂ ਤੇਰੀ ਤਾਕਤ ਤੋਂ ਸਦਕੇ ਜਾਂਦਾ ਹਾਂ । ਹੇ ਭਾਈ! ਮੇਰਾ ਗੋਬਿੰਦ ਨਕਾਰਿਆਂ ਨੂੰ ਭੀ ਆਦਰ-ਜੋਗ ਬਣਾ ਦੇਂਦਾ ਹੈ ।ਰਹਾਉ। ਹੇ ਭਾਈ! ਜਿਵੇਂ ਕੋਈ ਬੱਚਾ ਆਪਣੀ ਲਗਨ ਅਨੁਸਾਰ ਸੁਭਾਵ ਅਨੁਸਾਰ ਲੱਖਾਂ ਗ਼ਲਤੀਆਂ ਕਰਦਾ ਹੈ, ਉਸ ਦਾ ਪਿਉ ਉਸ ਨੂੰ ਸਿੱਖਿਆ ਦੇ ਦੇ ਕੇ ਕਈ ਤਰੀਕਿਆਂ ਨਾਲ ਝਿੜਕਦਾ ਭੀ ਹੈ, ਪਰ ਫਿਰ ਆਪਣੇ ਗਲ ਨਾਲ (ਉਸ ਨੂੰ) ਲਾ ਲੈਂਦਾ ਹੈ, ਇਸੇ ਤਰ੍ਹਾਂ ਪ੍ਰਭੂ-ਪਿਤਾ ਭੀ ਜੀਵਾਂ ਦੇ ਪਿਛਲੇ ਗੁਨਾਹ ਬਖ਼ਸ਼ ਲੈਂਦਾ ਹੈ, ਤੇ ਅਗਾਂਹ ਵਾਸਤੇ (ਜੀਵਨ ਦੇ) ਠੀਕ ਰਸਤੇ ਉਤੇ ਪਾ ਦੇਂਦਾ ਹੈ ।੨। ਹੇ ਭਾਈ! ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, (ਜੀਵਾਂ ਦੀ) ਹਰੇਕ (ਆਤਮਕ) ਹਾਲਤ ਨੂੰ ਜਾਣਦਾ ਹੈ । (ਉਸ ਨੂੰ ਛੱਡ ਕੇ) ਹੋਰ ਕਿਸ ਪਾਸ (ਆਪਣੀ ਬਿਰਥਾ) ਆਖ ਕੇ ਸੁਣਾਈ ਜਾ ਸਕਦੀ ਹੈ? ਹੇ ਭਾਈ! ਪਰਮਾਤਮਾ ਨਿਰੀਆਂ ਜ਼ਬਾਨੀ ਗੱਲਾਂ ਨਾਲ ਖ਼ੁਸ਼ ਨਹੀਂ ਹੁੰਦਾ । (ਕਰਣੀ ਕਰ ਕੇ ਜੇਹੜਾ ਮਨੁੱਖ) ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ, ਉਸ ਦੀ ਉਹ ਇੱਜ਼ਤ ਰੱਖ ਲੈਂਦਾ ਹੈ । ਹੇ ਪ੍ਰਭੂ! ਮੈਂ ਹੋਰ ਸਾਰੇ ਆਸਰੇ ਵੇਖ ਲਏ ਹਨ, ਮੈਂ ਇਕ ਤੇਰਾ ਆਸਰਾ ਹੀ ਰੱਖਿਆ ਹੋਇਆ ਹੈ ।੩। ਹੇ ਭਾਈ! ਮਾਲਕ-ਪ੍ਰਭੂ ਦਇਆਵਾਨ ਹੋ ਕੇ ਕਿਰਪਾਲ ਹੋ ਕੇ ਆਪ ਹੀ (ਜਿਸ ਮਨੁੱਖ ਦੀ) ਬੇਨਤੀ ਸੁਣ ਲੈਂਦਾ ਹੈ, ਉਸ ਨੂੰ ਪੂਰਾ ਗੁਰੂ ਮੇਲ ਦੇਂਦਾ ਹੈ ਮਿਲਾ ਦੇਂਦਾ ਹੈ (ਇਸ ਤਰ੍ਹਾਂ, ਉਸ ਮਨੁੱਖ ਦੇ) ਮਨ ਦੀ ਹਰੇਕ ਚਿੰਤਾ ਮੁੱਕ ਜਾਂਦੀ ਹੈ । ਹੇ ਦਾਸ ਨਾਨਕ! (ਆਖ—ਗੁਰੂ ਜਿਸ ਮਨੁੱਖ ਦੇ) ਮੂੰਹ ਵਿਚ ਪਰਮਾਤਮਾ ਦਾ ਨਾਮ-ਦਵਾਈ ਪਾ ਦੇਂਦਾ ਹੈ, ਉਹ ਮਨੁੱਖ ਆਤਮਕ ਆਨੰਦ ਵਿਚ ਜੀਵਨ ਬਿਤੀਤ ਕਰਦਾ ਹੈ ।੪।੧੨।੬੨।

**English Translation:**

**SORAT'H, FIFTH MEHL:**

The Restorer of what was taken away, the Liberator from captivity; the Formless Lord, the Destroyer of pain. I do not know about karma and good deeds; I do not know about Dharma and righteous living. I am so greedy, chasing after Maya. I go by the name of God's devotee; please, save this honor of Yours. || 1 || O Dear Lord, You are the honor of the dishonored. You make the unworthy ones worthy, O my Lord of the Universe; I am a sacrifice to Your almighty creative power. || Pause || Like the child, innocently making thousands of mistakes — his father teaches him, and scolds him so many times, but still, he hugs him close in his embrace. Please forgive my past actions, God, and place me on Your path for the future. || 2 || The Lord, the Inner-knower, the Searcher of hearts, knows all about my state of mind; so who else should I go to and speak to? The Lord, the Lord of the Universe, is not pleased by mere recitation of words; if it is pleasing to His Will, He preserves our honor. I have seen all other shelters, but Yours alone remains for me. || 3 || Becoming kind and compassionate, God the Lord and Master Himself listens to my prayer. He unites me in Union with the Perfect True Guru, and all the cares and anxieties of my mind are dispelled. The Lord, Har, Har, has placed the medicine of the Naam into my mouth; servant Nanak abides in peace. || 4 || 12 || 62 ||

https://sikhizm.com/hukamnama/gayi-bahor-bandi-chhor/

**(Page: 624)**